**ਰਾਗੁ ਆਸਾ ਛੰਤ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਜੀਵਨੋ ਮੈ ਜੀਵਨੁ ਪਾਇਆ ਗੁਰਮੁਖਿ ਭਾਏ ਰਾਮ ॥ ਹਰਿ ਨਾਮੋ ਹਰਿ ਨਾਮੁ ਦੇਵੈ ਮੇਰੈ ਪ੍ਰਾਨਿ ਵਸਾਏ ਰਾਮ ॥ ਹਰਿ ਹਰਿ ਨਾਮੁ ਮੇਰੈ ਪ੍ਰਾਨਿ ਵਸਾਏ ਸਭੁ ਸੰਸਾ ਦੂਖੁ ਗਵਾਇਆ ॥ ਅਦਿਸਟੁ ਅਗੋਚਰੁ ਗੁਰ ਬਚਨਿ ਧਿਆਇਆ ਪਵਿਤ੍ਰ ਪਰਮ ਪਦੁ ਪਾਇਆ ॥ ਅਨਹਦ ਧੁਨਿ ਵਾਜਹਿ ਨਿਤ ਵਾਜੇ ਗਾਈ ਸਤਿਗੁਰ ਬਾਣੀ ॥ ਨਾਨਕ ਦਾਤਿ ਕਰੀ ਪ੍ਰਭਿ ਦਾਤੈ ਜੋਤੀ ਜੋਤਿ ਸਮਾਣੀ ॥੧॥ {ਪੰਨਾ 442}**

ਪਦਅਰਥ:- ਜੀਵਨੋ—ਜੀਵਨੁ, ਅਸਲ ਜ਼ਿੰਦਗੀ, ਆਤਮਕ ਜੀਵਨ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਭਾਏ—(ਪ੍ਰਭੂ ਜੀ) ਪਿਆਰੇ ਲੱਗ ਪਏ। ਨਾਮੋ—ਨਾਮ। ਮੇਰੈ ਪ੍ਰਾਨਿ—ਮੇਰੇ ਹਰੇਕ ਸਾਹ ਦੇ ਵਿਚ। ਸੰਸਾ—ਸਹਮ। ਅਦਿਸਟੁ—ਨਾਹ ਦਿੱਸਣ ਵਾਲਾ। ਅਗੋਚਰੁ—{ਗੋ-ਇੰਦ੍ਰੇ। ਚਰ—ਪਹੁੰਚ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਬਚਨਿ—ਬਚਨ ਦੀ ਰਾਹੀਂ। ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ਅਨਹਦ—**{ਅਨਾਹਤ}** ਬਿਨਾ ਵਜਾਏ ਵੱਜਣ ਵਾਲੇ, ਇਕ-ਰਸ। ਅਨਹਦ ਧੁਨਿ—ਲਗਾਤਾਰ ਸੁਰ ਵਾਲੇ। ਵਾਜਹਿ—ਵੱਜਦੇ ਹਨ। ਵਾਜੇ—ਸੰਗੀਤਕ ਸਾਜ। ਪ੍ਰਭਿ—ਪ੍ਰਭੂ ਨੇ।1।

ਅਰਥ:- (ਹੇ ਭਾਈ!) ਮੈਨੂੰ ਆਤਮਕ ਜੀਵਨ ਲੱਭ ਪਿਆ ਮੈਨੂੰ ਆਤਮਕ ਜੀਵਨ ਲੱਭ ਪਿਆ, ਜਦੋਂ ਗੁਰੂ ਦੀ ਸਰਨ ਪਿਆਂ ਮੈਨੂੰ ਪ੍ਰਭੂ ਜੀ ਪਿਆਰੇ ਲੱਗਣ ਲੱਗ ਪਏ। ਹੁਣ ਗੁਰੂ ਮੈਨੂੰ ਹਰ ਵੇਲੇ ਹਰੀ ਦਾ ਨਾਮ ਹੀ ਦੇਈ ਜਾਂਦਾ ਹੈ, ਗੁਰੂ ਨੇ ਮੇਰੇ ਹਰੇਕ ਸਾਹ ਵਿਚ ਹਰਿ-ਨਾਮ ਵਸਾ ਦਿੱਤਾ ਹੈ। (ਜਦੋਂ ਦਾ ਗੁਰੂ ਨੇ) ਮੇਰੇ ਹਰੇਕ ਸਾਹ ਵਿਚ ਹਰਿ-ਨਾਮ ਵਸਾ ਦਿੱਤਾ ਹੈ ਮੈਂ ਆਪਣਾ ਹਰੇਕ ਸਹਮ ਹਰੇਕ ਦੁੱਖ ਮੁਕਾ ਬੈਠਾ ਹਾਂ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਂ ਉਸ ਪਰਮਾਤਮਾ ਨੂੰ ਸਿਮਰਿਆ ਹੈ ਜੇਹੜਾ (ਇਹਨਾਂ ਅੱਖਾਂ ਨਾਲ) ਨਹੀਂ ਦਿੱਸਦਾ ਜੇਹੜਾ ਮਨੁੱਖੀ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਿਮਰਨ ਦਾ ਸਦਕਾ) ਮੈਂ ਸਭ ਤੋਂ ਉੱਚਾ ਤੇ ਪਵਿਤ੍ਰ ਆਤਮਕ ਮਰਤਬਾ ਹਾਸਲ ਕਰ ਲਿਆ ਹੈ, ਜਦੋਂ ਤੋਂ ਮੈਂ ਸਤਿਗੁਰੂ ਦੀ ਬਾਣੀ ਗਾਣੀ ਸ਼ੁਰੂ ਕੀਤੀ ਹੈ (ਮੇਰੇ ਅੰਦਰ ਆਤਮਕ ਆਨੰਦ ਦੀ ਇਕ ਅਤੁੱਟ ਲਹਰ ਚੱਲ ਪਈ ਹੈ, ਇਉਂ ਜਾਪਦਾ ਹੈ ਜਿਵੇਂ ਮੇਰੇ ਅੰਦਰ) ਕਦੇ ਨਾਹ ਮੁੱਕਣ ਵਾਲੀ ਸੁਰ ਨਾਲ ਸੰਗੀਤਕ ਸਾਜ ਸਦਾ ਵੱਜਦੇ ਰਹਿੰਦੇ ਹਨ।

ਹੇ ਨਾਨਕ! ਦਾਤਾਰ ਪ੍ਰਭੂ ਨੇ ਇਹ ਬਖ਼ਸ਼ਸ਼ ਕੀਤੀ ਹੈ, ਹੁਣ ਮੇਰੀ ਜਿੰਦ ਪ੍ਰਭੂ ਦੀ ਜੋਤਿ ਵਿਚ ਟਿਕੀ ਰਹਿੰਦੀ ਹੈ।1।